# ਡਾਇਰੈਕਟੋਰੇਟ ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ

(ਸਿੱਖਿਆ ਭਵਨ, 7ਵੀ ਮੰਜਿਲ, ਈ ਬਲਾਕ, ਪੰਜਾਬ ਸਕੂਲ ਸਿੱਖਿਆ ਬੋਰਡ, ਸੈਕਟਰ-62)

**ਐਸ.ਏ.ਐਸ. ਨਗਰ**

ਵੱਲ

ਪੰਜਾਬ ਰਾਜ ਦੀਆਂ ਸਾਰੀਆਂ ਮਾਨਤਾ ਪ੍ਰਾਪਤ
ਮੈਡੀਕਲ/ਡੈਂਟਲ/ਆਯੂਰਵੈਦਿਕ/ਹੋਮੋਪੈਥਿਕ/ਨਰਸਿੰਗ ਸੰਸਥਾਵਾਂ ਦੇ ਮੁਖੀ।

ਨੰ: 4/13/16-3ME3/ 7513
ਮਿਤੀ : 25-4-16

ਵਿਸ਼ਾ:- ਵਿਦਿਆਰਥੀਆਂ ਦੇ ਅਸਲ ਸਰਟੀਫਿਕੇਟ ਵਾਪਸ ਕਰਨ ਬਾਰੇ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ।

ਵਿਭਾਗ ਨੂੰ ਸ਼ਿਕਾਇਤ ਪ੍ਰਾਪਤ ਹੋਈ ਹੈ ਕਿ ਵੱਖ-ਵੱਖ ਸੰਸਥਾਵਾਂ ਵਲੋਂ ਮੈਡੀਕਲ/ ਡੈਂਟਲ/ ਆਯੂਰਵੈਦਿਕ/ ਹੋਮੋਪੈਥਿਕ/ ਨਰਸਿੰਗ ਆਦਿ ਕੋਰਸ ਕਰਨ ਵਾਲੇ ਵਿਦਿਆਰਥੀਆਂ ਦੇ ਅਸਲ ਸਰਟੀਫਿਕੇਟ ਸਰਟੀਫਿਕੇਟ ਦਾਖਲੇ ਸਮੇਂ ਆਪਣੇ ਕੋਲ ਰੱਖ ਲਏ ਜਾਂਦੇ ਹਨ।

ਕਿਸੇ ਵੀ ਸੰਸਥਾ ਨੂੰ ਇਹ ਅਧਿਕਾਰ ਨਹੀਂ ਹੈ ਕਿ ਉਹ ਕਿਸੇ ਵਿਦਿਆਰਥੀ ਦਾ ਕੋਈ ਵੀ ਅਸਲ ਸਰਟੀਫਿਕੇਟ ਗੈਰ-ਕਾਨੂੰਨੀ ਢੰਗ ਨਾਲ ਆਪਣੇ ਪਾਸ ਰੱਖੇ। ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ, ਫਰੀਦਕੋਟ ਤੋਂ ਰਿਪੋਰਟ ਪ੍ਰਾਪਤ ਹੋ ਚੁੱਕੀ ਹੈ ਕਿ ਉਨ੍ਹਾਂ ਵਲੋਂ ਅਸਲ ਸਰਟੀਫਿਕੇਟ ਵਾਪਸ ਕਰ ਦਿੱਤੇ ਜਾਂਦੇ ਹਨ।

ਇਸ ਵਿਭਾਗ ਤੋਂ ਮਾਨਤਾ ਪ੍ਰਾਪਤ ਸਾਰੀਆਂ ਸੰਸਥਾਵਾਂ ਦੇ ਪ੍ਰਿੰਸੀਪਲਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕਿਸੇ ਵੀ ਵਿਦਿਆਰਥੀ ਦਾ ਕੋਈ ਵੀ ਅਸਲ ਸਰਟੀਫਿਕੇਟ ਆਪਣੇ ਕਬਜੇ ਵਿੱਚ ਨਾ ਰੱਖਣ। ਜਿਨ੍ਹਾ ਸੰਸਥਾਵਾਂ ਨੇ ਵਿਦਿਆਰਥੀਆਂ ਦੇ ਅਸਲ ਸਰਟੀਫਿਕੇਟ ਆਪਣੇ ਕਬਜੇ ਵਿੱਚ ਰੱਖੇ ਹੋਏ ਹਨ, ਉਹ ਤੁਰੰਤ ਸਬੰਧਤ ਵਿਦਿਆਰਥੀਆਂ ਨੂੰ ਵਾਪਸ ਕੀਤੇ ਜਾਣ ਅਤੇ ਸਾਰੀਆਂ ਸੰਸਥਾਵਾਂ 15 ਦਿਨ ਦੇ ਅੰਦਰ ਇਸ ਦਫਤਰ ਨੂੰ ਇਹ ਸਰਟੀਫਿਕੇਟ ਰਜਿਸਟਰਡ ਡਾਕ ਰਾਹੀਂ ਭੇਜਣ ਕਿ ਉਨ੍ਹਾਂ ਦੀ ਸੰਸਥਾ ਦੇ ਕਬਜੇ ਵਿੱਚ ਕਿਸੇ ਵਿਦਿਆਰਥੀ ਦਾ ਕੋਈ ਅਸਲ ਸਰਟੀਫਿਕੇਟ ਨਹੀਂ ਹੈ।

ਜੇਕਰ ਕਿਸੇ ਸੰਸਥਾ ਵਲੋਂ ਕਿਸੇ ਵਿਦਿਆਰਥੀ ਦਾ ਕੋਈ ਅਸਲ ਸਰਟੀਫਿਕੇਟ ਆਪਣੇ ਕਬਜੇ ਵਿੱਚ ਰੱਖਣ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਉਸ ਵਿਰੁੱਧ ਤੁਰੰਤ ਬਣਦੀ ਕਾਰਵਾਈ ਅਰੰਭੀ ਜਾਵੇਗੀ।

ਡਾਇਰੈਕਟਰ,
ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ

ਪਿਠ ਅੰਕਣ ਨੰ: 4/13/16-3ME3/ 7514-16
ਮਿਤੀ: 25-4-16

ਉਤਾਰਾ :-

1. ਰਜਿਸਟਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ, ਫਰੀਦਕੋਟ;
2. ਰਜਿਸਟਰਾਰ, ਗੁਰੂ ਰਵੀਦਾਸ ਆਯੂਰਵੈਦ ਯੂਨੀਵਰਸਿਟੀ, ਹੁਸ਼ਿਆਰਪੁਰ;
3. ਰਜਿਸਟਰਾਰ, ਪੰਜਾਬ ਨਰਸਿਜ ਰਜਿਸਟ੍ਰੇਸ਼ਨ ਕੌਂਸਲ, ਐਸ.ਏ.ਐਸ. ਨਗਰ

ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਇਸ ਪੱਤਰ ਦੀ ਕਾਪੀ ਆਪਣੇ ਅਧੀਨ ਸਾਰੀਆਂ ਸੰਸਥਾਵਾਂ ਨੂੰ ਵੀ ਤੁਰੰਤ ਲੋੜੀਂਦੀ ਕਾਰਵਾਈ ਹਿਤ ਭੇਜੀ ਜਾਵੇ ਜੀ।

ਡਾਇਰੈਕਟਰ,